# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 08-08-2025**

**ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ**

- ਸਰਕਾਰ ਨੇ ਸਾਲ 2025-26 ਲਈ ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਦੇ ਖਪਤਕਾਰਾਂ ਲਈ 12 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਅਨੁਮਾਨਤ ਲਾਗਤ ਨਾਲ ਸਬਸਿਡੀਆਂ ਨੂੰ ਜਾਰੀ ਰੱਖਣ ਨੂੰ ਮਨਜ਼ੂਰੀ ਦੇ ਦਿੱਤੀ ਏ। ਤਕਨੀਕੀ ਸਿੱਖਿਆ ਯੋਜਨਾ ਵਿੱਚ ਚਾਰ ਹਜ਼ਾਰ 200 ਕਰੋੜ ਰੁਪਏ ਦੇ ਖਰਚ ਨਾਲ ਬਜਟ ਸਹਾਇਤਾ ਲਈ ਵੀ ਪ੍ਰਵਾਨਗੀ ਦਿੱਤੀ ਗਈ ਏ.

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰੱਖੜੀ ਤੋਂ ਪਹਿਲਾਂ ਦੀ ਸ਼ਾਮ ਨਾਗਰਿਕਾਂ ਨੂੰ ਵਧਾਈ ਦਿੱਤੀ ਏ । ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਅੱਜ ਸਾਦਕੀ ਚੌਂਕੀ ‘ਤੇ (BSF) ਜਵਾਨਾਂ ਨੂੰ ਰਖੜੀਆਂ ਬੰਨ੍ਹੀਆਂ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਪ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਵਿੱਚ ਸਨਅਤੀ ਕ੍ਰਾਂਤੀ ਲਿਆਉਣ ਲਈ ਸੈਕਟਰ ਅਧਾਰਿਤ 24 ਕਮੇਟੀਆਂ ਦੀ ਸ਼ੁਰੂਆਤ.

- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਰਾਏਜ਼ਾਦਾ ਹੰਸਰਾਜ ਸਟੇਡੀਅਮ ਵਿੱਚ 4 ਨਵੇਂ ਮਲਟੀਪਰਪਜ਼ ਕੋਰਟ ਤੇ ਰਨਿੰਗ ਟਰੈਕ ਜਨਤਾ ਨੂੰ ਸਮਰਪਿਤ. *ਚੰਗੇ ਖਿਡਾਰੀਆਂ ਨੂੰ ਨਕਦ ਇਨਾਮ ਦੇ ਕੇ ਕੀਤਾ ਸਨਮਾਨਤ

**<u>ਹੁਣ ਖਬਰਾਂ ਵਿਸਥਾਰ ਨਾਲ.....</u>**

ਸਰਕਾਰ ਨੇ ਸਾਲ 2025-26 ਲਈ ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਦੇ ਖਪਤਕਾਰਾਂ ਲਈ 12 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਅਨੁਮਾਨਤ ਲਾਗਤ ਨਾਲ ਸਬਸਿਡੀਆਂ ਨੂੰ ਜਾਰੀ ਰੱਖਣ ਨੂੰ ਮਨਜ਼ੂਰੀ ਦੇ ਦਿੱਤੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਲਏ ਗਏ ਮੰਤਰੀ ਮੰਡਲ ਦੇ ਫੈਸਲਿਆਂ ਬਾਰੇ ਅੱਜ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ

ਨੇ ਕਿਹਾ ਕਿ ਇਸ ਯੋਜਨਾ ਤਹਿਤ 10 ਕਰੋੜ 33 ਲੱਖ ਤੋਂ ਵੱਧ ਪਰਿਵਾਰਾਂ ਨੂੰ ਲਾਭ ਹੋਇਆ ਏ. ਸਰਕਾਰ ਪ੍ਰਤੀ ਸਾਲ ਨੌਂ ਰਿਫਿਲ ਤੱਕ ਪ੍ਰਤੀ 14.2 ਕਿਲੋਗ੍ਰਾਮ ਸਿਲੰਡਰ 300 ਰੁਪਏ ਦੀ ਟੀਚਾਬੱਧ ਸਬਸਿਡੀ ਪ੍ਰਦਾਨ ਕਰੇਗੀ-

**Byte**

ਸਰਕਾਰ ਨੇ ਜਨਤਕ ਖੇਤਰ ਦੀਆਂ ਤਿੰਨ ਤੇਲ ਕੰਪਨੀਆਂ, ਜਿਨ੍ਹਾਂ ਵਿੱਚ IOCL, BPCL ਅਤੇ HPCL ਸ਼ਾਮਲ ਨੇ, ਨੂੰ 30 ਹਜ਼ਾਰ ਕਰੋੜ ਰੁਪਏ ਦੇ ਮੁਆਵਜ਼ੇ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ। ਉਨ੍ਹਾਂ ਕਿਹਾ ਕਿ ਘਰੇਲੂ LPG ਦੀ ਵਿਕਰੀ 'ਤੇ ਹੋਏ ਘੱਟ ਖਰਚਿਆਂ ਲਈ ਇਹ ਕਦਮ ਚੁੱਕਿਆ ਗਿਆ ਏ। ਸ੍ਰੀ ਵੈਸ਼ਨਵ ਨੇ ਇਹ ਵੀ ਦੱਸਿਆ ਕਿ ਸਰਕਾਰ ਨੇ ਚਾਰ ਹਜ਼ਾਰ 200 ਕਰੋੜ ਰੁਪਏ ਦੇ ਖਰਚੇ ਨਾਲ ਤਕਨੀਕੀ ਸਿੱਖਿਆ ਯੋਜਨਾ ਵਿੱਚ ਬਹੁ-ਅਨੁਸ਼ਾਸਨੀ ਸਿੱਖਿਆ ਅਤੇ ਖੋਜ ਸੁਧਾਰ ਲਈ ਬਜਟ ਸਹਾਇਤਾ ਲਈ ਆਪਣੀ ਪ੍ਰਵਾਨਗੀ ਦੇ ਦਿੱਤੀ ਏ –

**Byte**

-------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰੱਖੜੀ ਤੋਂ ਪਹਿਲਾਂ ਦੀ ਸ਼ਾਮ ਨਾਗਰਿਕਾਂ ਨੂੰ ਵਧਾਈ ਦਿੱਤੀ ਏ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਜ਼ੋਰ ਦੇ ਕੇ ਕਿਹਾ ਏ ਕਿ ਰੱਖੜੀ ਦਾ ਪਵਿੱਤਰ ਤਿਉਹਾਰ ਭਰਾਵਾਂ ਅਤੇ ਭੈਣਾਂ ਵਿਚਕਾਰ ਪਿਆਰ ਅਤੇ ਵਿਸ਼ਵਾਸ ਦੇ ਵਿਲੱਖਣ ਰਿਸ਼ਤੇ ਨੂੰ ਦਰਸਾਉਂਦਾ ਏ । ਉਨ੍ਹਾਂ ਕਿਹਾ ਕਿ ਇਹ ਤਿਉਹਾਰ ਸਮਾਜ ਵਿੱਚ ਸਦਭਾਵਨਾ ਅਤੇ ਏਕਤਾ ਦੀ ਭਾਵਨਾ ਨੂੰ ਉਤਸ਼ਾਹਿਤ ਕਰਦਾ ਏ । ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਇਹ ਮੌਕਾ ਭਾਰਤ ਦੇ ਅਮੀਰ ਸੱਭਿਆਚਾਰਕ ਵਿਰਸੇ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਣ ਦਾ ਵੀ ਇੱਕ ਮੌਕਾ ਏ ਅਤੇ ਇਹ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਉਨ੍ਹਾਂ ਦਾ ਸਤਿਕਾਰ ਕਰਨ ਲਈ ਹਰ ਕਿਸੇ ਦੇ ਦ੍ਰਿੜ ਇਰਾਦੇ ਨੂੰ ਮਜ਼ਬੂਤ ਕਰਦਾ ਏ। ਉਨ੍ਹਾਂ ਲੋਕਾਂ ਨੂੰ ਇੱਕ ਖੁਸ਼ਹਾਲ ਦੇਸ਼ ਬਣਾਉਣ ਦੀ ਅਪੀਲ ਕੀਤੀ ਜਿੱਥੇ ਹਰ ਔਰਤ ਸੁਰੱਖਿਅਤ ਮਹਿਸੂਸ ਕਰੇ ਅਤੇ ਦੇਸ਼ ਦੇ ਵਿਕਾਸ ਵਿੱਚ ਸਰਗਰਮੀ ਨਾਲ ਯੋਗਦਾਨ ਪਾ ਸਕੇ।

-----------------------------------------------------------------

ਰੱਖੜੀ ਦੇ ਤਿਉਹਾਰ ਦੇ ਸੰਬੰਧ ‘ਚ, ਭਾਜਪਾ ਨੇਤਾ ਤਰੁਣ ਚੁੱਘ ਦੇ ਅੰਮ੍ਰਿਤਸਰ ਦਫਤਰ ਵਿੱਚ ਇੱਕ ਸਮਾਗਮ ਕਰਾਇਆ ਗਿਆ, ਜਿਸ ਵਿੱਚ ਸੈਂਕੜੇ ਔਰਤਾਂ ਨੇ ਭਾਜਪਾ ਨੇਤਾ ਨੂੰ ਰੱਖੜੀ ਬੰਨ੍ਹ ਕੇ ਰੱਖੜੀ ਦਾ ਤਿਉਹਾਰ ਮਨਾਇਆ ਅਤੇ ਭਰਾਵਾਂ ਅਤੇ ਭੈਣਾਂ ਦੇ ਆਪਸੀ ਪਿਆਰ ਦਾ ਸੰਦੇਸ਼ ਦਿੱਤਾ। ਇਸ ਮੌਕੇ 'ਤੇ ਤਰੁਣ ਚੁੱਘ ਨੇ ਕਿਹਾ ਕਿ ਅੱਜ ਦਾ ਦਿਨ ਬੇਹਦ ਖੁਸ਼ੀ ਭਰਿਆ ਏ ਕਿਉਂਕਿ ਅੱਜ ਓਹਨਾਂ ਨੇ ਅੰਮ੍ਰਿਤਸਰ ਵਿੱਚ ਕਈ ਭੈਣਾਂ ਨਾਲ ਇਹ ਪਵਿੱਤਰ ਤਿਉਹਾਰ ਮਨਾਇਆ. ਇਸ ਮੌਕੇ 551 ਭੈਣਾਂ ਨੇ ਓਹਨਾਂ ਨੂੰ ਰੱਖੜੀ ਬੰਨੀ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਵੀ ਆਪਣੀ ਰੱਖੜੀ ਭੇਜੀ ਏ –

**Byte**

ਓਹਨਾਂ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨੇ ਦੇਸ਼ ਨਾਲ ਕੀਤੇ ਆਪਣੇ ਵਾਅਦੇ ਨੂੰ ਵੀ ਪੂਰਾ ਕੀਤਾ ਏ। ਓਹਨਾਂ ਕਿਹਾ ਕਿ ਜਿਸ ਤਰ੍ਹਾਂ ਭਾਰਤ ਸਰਕਾਰ ਨੇ ਆਪ੍ਰੇਸ਼ਨ ਸਿੰਦੂਰ ਰਾਹੀਂ ਪਾਕਿਸਤਾਨ ਨੂੰ ਢੁਕਵਾਂ ਜਵਾਬ ਦਿੱਤਾ, ਉਸੇ ਤਰ੍ਹਾਂ ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਇਸ ਖੇਤਰ

ਦੀਆਂ ਭੈਣਾਂ ਨੇ ਪਹਿਲਗਾਮ ਵਿੱਚ ਭਾਰਤੀ ਔਰਤਾਂ ਦੇ ਸਿੰਦੂਰ ਨੂੰ ਤਬਾਹ ਕਰਨ ਵਾਲਿਆਂ ਨੂੰ ਢੁਕਵਾਂ ਜਵਾਬ ਦੇਣ ਲਈ ਸ੍ਰੀ ਮੋਦੀ ਦਾ ਧੰਨਵਾਦ ਕੀਤਾ ਏ।

-----------------------------------------------------------

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਅੱਜ ਰੱਖੜੀ ਦੇ ਪਵਿੱਤਰ ਤਿਉਹਾਰ ਦੇ ਮੌਕੇ 'ਤੇ ਸਾਦਕੀ ਚੌਂਕੀ 'ਤੇ ਪਹੁੰਚ ਕੇ ਭਾਰਤ-ਪਾਕਿਸਤਾਨ ਸਰਹੱਦ ਦੀ ਰਾਖੀ ਕਰ ਰਹੇ ਸਰਹੱਦੀ ਸੁਰਖਿਆ ਬਲ (BSF) ਦੇ ਦਲੇਰ ਜਵਾਨਾਂ ਨੂੰ ਆਪਣੇ ਹੱਥੀਂ ਰਖੜੀਆਂ ਬੰਨ੍ਹੀਆਂ। ਰਖੜੀ ਬੰਨ੍ਹਦੇ ਹੋਏ ਡਿਪਟੀ ਕਮਿਸ਼ਨਰ ਨੇ ਜਵਾਨਾਂ ਨੂੰ ਕਿਹਾ ਕਿ ਦੇਸ਼ ਦੀਆਂ ਭੈਣਾਂ ਅਤੇ ਭਰਾਵਾਂ ਦੀ ਸੁਰੱਖਿਆ ਲਈ ਉਹਨਾਂ ਦੇ ਯੋਗਦਾਨ ਨੂੰ ਪੂਰਾ ਦੇਸ਼ ਸਲਾਮ ਕਰਦਾ ਏ। ਉਨ੍ਹਾਂ ਕਿਹਾ ਕਿ, "ਰੱਖੜੀ ਸਿਰਫ਼ ਭੈਣ-ਭਰਾ ਦੇ ਪਿਆਰ ਦਾ ਤਿਉਹਾਰ ਨਹੀਂ, ਸਗੋਂ ਭਰੋਸੇ, ਸਮਰਪਣ ਅਤੇ ਰਖੜੀ ਦੇ ਵਾਅਦੇ ਦਾ ਪ੍ਰਤੀਕ ਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਹੱਦ 'ਤੇ ਤੈਨਾਤ ਇਹ ਸੂਰਮੇ ਆਪਣੇ ਪਰਿਵਾਰ ਤੋਂ ਦੂਰ ਰਹਿ ਕੇ ਰਾਸ਼ਟਰ ਦੀ ਰਾਖੀ ਕਰਦੇ ਨੇ, ਜਿਸ ਕਰਕੇ ਸਾਡਾ ਫਰਜ਼ ਏ ਕਿ ਅਸੀਂ

ਉਹਨਾਂ ਪ੍ਰਤੀ ਆਪਣਾ ਧੰਨਵਾਦ ਤੇ ਸਤਿਕਾਰ ਪ੍ਰਗਟ ਕਰੀਏ। ਐਸਡੀਐਮ ਵੀਰਪਾਲ ਕੌਰ ਨੇ ਵੀ ਜਵਾਨਾਂ ਨਾਲ ਮਿਲ ਕੇ ਰਖੜੀ ਦੇ ਸੁਨੇਹੇ ਸਾਂਝੇ ਕੀਤੇ ਅਤੇ ਕਿਹਾ ਕਿ ਉਹਨਾਂ ਦੀਆਂ ਕੁਰਬਾਨੀਆਂ ਅਤੇ ਸਮਰਪਣ ਹਮੇਸ਼ਾਂ ਯਾਦ ਰਹੇਗਾ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਬੀਐਸਐਫ ਦੇ ਜਵਾਨਾਂ ਨੂੰ ਮਠਿਆਈਆਂ ਵੀ ਭੇਂਟ ਕੀਤੀਆਂ ।

-------------------------------------------------------

ਚੰਡੀਗੜ੍ਹ ਪ੍ਰਸ਼ਾਸਨ ਨੇ ਐਲਾਨ ਕੀਤਾ ਏ ਕਿ ਭਲਕੇ ਸ਼ਨੀਵਾਰ,9 ਅਗਸਤ 2025 ਨੂੰ ਰਖੜੀ ਦੇ ਤਿਉਹਾਰ ਦੇ ਮੌਕੇ ‘ਤੇ ਸਾਰੀਆਂ ਔਰਤ ਮੁਸਾਫ਼ਿਰਾਂ ਨੂੰ ਮੁਫ਼ਤ ਯਾਤਰਾ ਸਹੂਲਤ ਪ੍ਰਦਾਨ ਕੀਤੀ ਜਾਵੇਗੀ । ਇਹ ਵਿਸ਼ੇਸ਼ ਸਹੂਲਤ ਟ੍ਰਾਇ-ਸਿਟੀ ਖੇਤਰ ਵਿੱਚ CTU ਅਤੇ CCBSS ਵਲੋਂ ਸੰਚਾਲਿਤ ਸਥਾਨਕ AC ਅਤੇ Non- AC ਬੱਸਾਂ ਵਿੱਚ ਉਪਲਬਧ ਹੋਵੇਗੀ । ਹਾਲਾਂਕਿ, ਇਹ ਰਿਆਇਤ ਸੀਟੀਯੂ (CTU) ਲੰਮੇ ਰੂਟ ਵਾਲੀਆਂ ਬੱਸਾਂ 'ਤੇ ਲਾਗੂ ਨਹੀਂ ਹੋਵੇਗੀ । ਇਸ ਪਹਿਲ ਦਾ ਉਦੇਸ਼ ਔਰਤਾਂ ਨੂੰ ਸੁਤੰਤਰ ਅਤੇ ਸੁਰੱਖਿਅਤ ਯਾਤਰਾ ਲਈ ਉਤਸ਼ਾਹਿਤ ਕਰਨਾ ਏ,ਜਿਸ ਨਾਲ ਰਖੜੀ ਦੇ ਤਿਉਹਾਰ ਦੀ ਭਾਵਨਾ ਨੂੰ ਮਜ਼ਬੂਤ ਕੀਤਾ ਜਾ

ਸਕੇ ਅਤੇ ਸਾਰੀਆਂ ਔਰਤਾਂ ਲਈ ਜਨਤਕ ਟ੍ਰਾਂਸਪੋਰਟ ਸੇਵਾਵਾਂ ਨੂੰ ਹੁਲਾਰਾ ਮਿਲ ਸਕੇ.

-----------------------------------------------------

ਪੈਪਸੂ ਰੋਡ ਟ੍ਰਾਂਸਪੋਰਟ ਕਾਰਪੋਰੇਸ਼ਨ ਪਟਿਆਲਾ ਵਲੋਂ ਰਖੜੀ ਦੇ ਤਿਉਹਾਰ ਦੌਰਾਨ PRTC ਦੀ ਬਸ ਸੇਵਾ ਬੰਦ ਜਾਂ ਹੜ੍ਹਤਾਲ ਸੰਬੰਧੀ ਖਬਰਾਂ ਨੂੰ ਖਾਰਿਜ ਕੀਤਾ ਗਿਆ ਏ. ਇੱਕ ਸਰਕਾਰੀ ਬਿਆਨ ਰਾਹੀਂ ਕਾਰਪੋਰੇਸ਼ਨ ਦੀ ਮੈਨੇਜਮੈਂਟ ਨੇ ਪੰਜਾਬ ਵਾਸੀਆਂ ਨੂੰ ਯਕੀਨ ਦਵਾਇਆ ਏ ਕਿ 9 ਅਗਸਤ ਰਖੜੀ ਵਾਲੇ ਦਿਨ PRTC ਬਸ ਸੇਵਾ ਨਿਰਵਿਘਨ ਚਲੇਗੀ.

-----------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅੱਜ ਸਨਅਤੀ ਵਿਕਾਸ ਲਈ ਵੱਖ-ਵੱਖ ਸੈਕਟਰਾਂ ’ਤੇ ਅਧਾਰਿਤ 24 ਕਮੇਟੀਆਂ ਦੀ ਸ਼ੁਰੂਆਤ ਕੀਤੀ ਇਸ ਮੌਕੇ ਓਹਨਾਂ ਕਿਹਾ ਕਿ ਇਹ ਕਮੇਟੀਆਂ ਪੰਜਾਬ ਨੂੰ ਸਨਅਤ ਤੇ ਵਪਾਰ ਦਾ ਧੁਰਾ ਬਣਾਉਣ ਲਈ ਇਨਕਲਾਬੀ ਕਦਮ

ਸਾਬਤ ਹੋਣਗੀਆਂ। ਅੱਜ ਚੰਡੀਗੜ੍ਹ ਵਿਚ ਦੇਸ਼ ਭਰ ਵਿੱਚ ਆਪਣੀ ਕਿਸਮ ਦੀ ਨਿਵੇਕਲੀ ਸ਼ੁਰੂਆਤ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਆਪ ਦੇ ਕੌਮੀ ਕਨਵੀਨਰ ਨੇ ਇਸ ਸ਼ੁਰੂਆਤ ਨੂੰ ਪੰਜਾਬ ਲਈ ਇਤਿਹਾਸਕ ਦਿਨ ਦੱਸਿਆ। ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵੱਖ-ਵੱਖ ਖੇਤਰਾਂ ਵਿੱਚ ਪੰਜਾਬ ਪਹਿਲਾਂ ਹੀ ਕੌਮੀ ਪੱਧਰ ’ਤੇ ਅਗਵਾਈ ਕਰ ਰਿਹਾ ਏ ਅਤੇ ਛੇਤੀ ਹੀ ਦੇਸ਼ ਲਈ ਆਦਰਸ਼ ਬਣ ਕੇ ਉੱਭਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕਮੇਟੀਆਂ ਹਰੇਕ ਸਨਅਤੀ ਸੈਕਟਰ ਲਈ ਵੇਰਵੇ ਸਹਿਤ ਰਣਨੀਤੀਆਂ ਤਿਆਰ ਕਰਨ ਦੀ ਜ਼ਿੰਮੇਵਾਰੀ ਨਿਭਾਉਣਗੀਆਂ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਨਵੀਂ ਸਨਅਤੀ ਨੀਤੀ ਤਿਆਰ ਕਰਦੇ ਸਮੇਂ ਇਹ ਕਮੇਟੀਆਂ ਸਨਅਤੀ ਭਾਈਵਾਲਾਂ ਤੋਂ ਬਰਾਬਰ ਹਿੱਸੇਦਾਰੀ ਨੂੰ ਯਕੀਨੀ ਬਣਾਉਣਗੀਆਂ।

---------------------------------------------------

ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਭਾਰਤ ਉਪਰ 50 ਫੀਸਦੀ ਮਹਿਸੂਲ ਲਾਏ ਜਾਣ ਦੇ ਬਾਵਜੂਦ ਦੇਸ਼ ਦੇ ਪ੍ਰਧਾਨ ਮੰਤਰੀ

ਨਰੇਂਦਰ ਮੋਦੀ ਵੱਲੋਂ ਲਏ ਗਏ ਸਖਤ ਸਟੈਂਡ ਬਾਰੇ ਬੋਲਦਿਆਂ ਸੀਨੀਅਰ ਭਾਜਪਾ ਨੇਤਾ ਫਤਿਹਜੰਗ ਸਿੰਘ ਬਾਜਵਾ ਵੱਲੋਂ ਜਿਲ੍ਹਾ ਭਾਜਪਾ ਦਫ਼ਤਰ ਵਿਖੇ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ। ਬਾਜਵਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਵਾਸਤੇ ਦੇਸ਼ ਦੇ ਹਿਤ ਪਹਿਲਾਂ ਨੇ, ਜਿਨ੍ਹਾਂ ਨੇ ਟਰੰਪ ਦੇ ਦਬਾਅ ਅੱਗੇ ਝੁਕਣ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਅਮਰੀਕਾ ਅੱਗੇ ਝੁਕਣ ਨਾਲ ਸਾਡੀ ਖੇਤੀਬਾੜੀ ਨੂੰ ਵੱਡਾ ਨੁਕਸਾਨ ਪਹੁੰਚਣਾ ਸੀ। ਇਸ ਤੋਂ ਇਲਾਵਾ, ਭਾਰਤ ਵਲੋਂ ਰੂਸ ਤੇਲ ਖਰੀਦੇ ਜਾਣ ਕਾਰਨ ਅਮਰੀਕਾ ਨਾਰਾਜ਼ ਏ, ਜਿਸ ਕਾਰਨ ਅਜਿਹਾ ਕੀਤਾ ਗਿਆ ਏ । ਪਰ ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਲਈ ਦੇਸ਼ ਪਹਿਲਾਂ ਏ -

**Byte**

-------------------------------------------------------

ਘੱਗਰ ਦਰਿਆ ਦੇ ਕੈਚਮੈਂਟ ਇਲਾਕੇ ਵਿੱਚ ਪਏ ਭਾਰੀ ਮੀਂਹ ਕਾਰਨ ਸੰਗਰੂਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਮੂਣਕ ਸਬ ਡਵੀਜ਼ਨ ਦੇ ਘੱਗਰ ਨੇੜੇ ਪੈਂਦੇ ਕੁਝ ਪਿੰਡਾਂ ਦੇ ਵਸਨੀਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕੀਤੀ ਗਈ ਹੈ। ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਜਾਰੀ ਸਲਾਹਕਾਰੀ ਮੁਤਾਬਕ ਘੱਗਰ

ਨੇੜਲੇ ਇਲਾਕਿਆਂ ਦੇ ਵਸਨੀਕ ਸੁਚੇਤ ਰਹਿਣ ਤੇ ਘੱਗਰ ਨੇੜੇ ਨਾ ਜਾਣ। ਇਹ ਸਲਾਹ ਸਥਾਨਕ ਲੋਕਾਂ ਨੂੰ ਸੁਚੇਤ ਕਰਨ ਲਈ ਹੀ ਜਾਰੀ ਕੀਤੀ ਗਈ ਹੈ। ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ ਏ ।

---------------------------------------------------------

ਜਲੰਧਰ ਦੇ ਖੇਡ ਢਾਂਚੇ ਨੂੰ ਹੋਰ ਮਜ਼ਬੂਤੀ ਦੇਣ ਵੱਲ ਇੱਕ ਵੱਡਾ ਕਦਮ ਚੁੱਕਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ ਨਵੇਂ ਬਣੇ ਚਾਰ ਮਲਟੀਪਰਪਜ਼ ਕੋਰਟ ਅਤੇ ਇੱਕ ਆਧੁਨਿਕ ਰਨਿੰਗ ਟਰੈਕ ਦਾ ਉਦਘਾਟਨ ਕੀਤਾ। ਇਸ ਮੌਕੇ ਡਾ. ਅਗਰਵਾਲ ਵੱਲੋਂ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਅਤੇ ਜ਼ਿਲ੍ਹੇ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ.

---------------------------------------------------------

- ਸਰਕਾਰ ਨੇ ਸਾਲ 2025-26 ਲਈ ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਦੇ ਖਪਤਕਾਰਾਂ ਲਈ 12 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਅਨੁਮਾਨਤ ਲਾਗਤ ਨਾਲ ਸਬਸਿਡੀਆਂ ਨੂੰ ਜਾਰੀ ਰੱਖਣ ਨੂੰ ਮਨਜ਼ੂਰੀ ਦੇ ਦਿੱਤੀ ਏ । ਤਕਨੀਕੀ ਸਿੱਖਿਆ ਯੋਜਨਾ ਵਿੱਚ ਚਾਰ ਹਜ਼ਾਰ 200

ਕਰੋੜ ਰੁਪਏ ਦੇ ਖਰਚ ਨਾਲ ਬਜਟ ਸਹਾਇਤਾ ਲਈ ਵੀ ਪ੍ਰਵਾਨਗੀ ਦਿੱਤੀ ਗਈ ਏ.

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰੱਖੜੀ ਤੋਂ ਪਹਿਲਾਂ ਦੀ ਸ਼ਾਮ ਨਾਗਰਿਕਾਂ ਨੂੰ ਵਧਾਈ ਦਿੱਤੀ ਏ। ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਅੱਜ ਸਾਦਕੀ ਚੌਂਕੀ 'ਤੇ (BSF) ਜਵਾਨਾਂ ਨੂੰ ਰਖੜੀਆਂ ਬੰਨ੍ਹੀਆਂ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਪ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਵਿੱਚ ਸਨਅਤੀ ਕ੍ਰਾਂਤੀ ਲਿਆਉਣ ਲਈ ਸੈਕਟਰ ਅਧਾਰਿਤ 24 ਕਮੇਟੀਆਂ ਦੀ ਸ਼ੁਰੂਆਤ.

- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਰਾਏਜ਼ਾਦਾ ਹੰਸਰਾਜ ਸਟੇਡੀਅਮ ਵਿੱਚ 4 ਨਵੇਂ ਮਲਟੀਪਰਪਜ਼ ਕੋਰਟ ਤੇ ਰਨਿੰਗ ਟਰੈਕ ਜਨਤਾ ਨੂੰ ਸਮਰਪਿਤ. *ਚੰਗੇ ਖਿਡਾਰੀਆਂ ਨੂੰ ਨਕਦ ਇਨਾਮ ਦੇ ਕੇ ਕੀਤਾ ਸਨਮਾਨਤ